# ਪੰਜਾਬ ਆਈ.ਸੀ.ਟੀ. ਐਜੂਕੇਸ਼ਨ ਸੁਸਾਇਟੀ

ਐਸ.ਸੀ ਓ ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ ਫ਼ੋਨ ਨੰ:172-2623006, 2623207, 2620106
ਫੈਕਸ:0172-2624687 ਈ-ਮੇਲ: ictpunjab@yahoo.com

ਵੱਲ

ਸਮੂਹ ਜਿਲਾ ਸਿੱਖਿਆ ਅਫਸਰ (ਸੈ.ਸਿੱ),
ਪੰਜਾਬ।

ਮੀਮੋ ਨੰ: 5/4-2008/ICT/Misc/Upgd./ 22633
ਮਿਤੀ: 28-01-2010

**ਵਿਸ਼ਾ: ਆਈ.ਸੀ.ਟੀ ਪ੍ਰੋਜੈਕਟ ਅਧੀਨ ਕੰਮ ਸੇਵਾ ਨਿਭਾ ਰਹੇ ਕੰਪਿਊਟਰ ਅਧਿਆਪਕਾਂ (3500/-) ਸਬੰਧੀ।**

**ਹਵਾਲਾ:** ਇਸ ਦਫਤਰ ਦਾ ਮੀਮੋ ਨੰ 5/4-2008/ICT/Misc/Upgd./45185, ਮਿਤੀ 08-12-2008

1. ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਸਬੰਧੀ ਲਿਖਿਆ ਜਾਂਦਾ ਹੈ ਕਿ ਆਈ.ਸੀ.ਟੀ ਪ੍ਰੋਜੈਕਟ ਅਧੀਨ ਸੇਵਾ ਨਿਭਾ ਰਹੇ ਕੰਪਿਊਟਰ ਅਧਿਆਪਕਾਂ ਜਿਨ੍ਹਾਂ ਦੀ ਵਿਦਿਅਕ ਯੋਗਤਾ ਬੋਰਡ ਆਫ ਗਵਰਨਰਜ ਦੀਆਂ ਹਦਾਇਤਾਂ ਮੁਤਾਬਿਕ ਨਹੀਂ ਹੈ ਅਤੇ ਹਾਲੇ 3500/- ਰੁਪਏ ਪ੍ਰਤੀ ਮਹੀਨਾ ਤਨਖਾਹ ਵਸੂਲ ਰਹੇ ਹਨ, ਨੂੰ ਆਪਣੀ ਵਿਦਿਅਕ ਯੋਗਤਾ ਵਿੱਚ ਵਾਧਾ ਕਰਨ ਲਈ ਇੱਕ ਸਾਲ ਦਾ ਸਮਾਂ ਭਾਵ ਕਿ 30-11-2009 ਤੱਕ ਦਾ ਸਮਾਂ ਦਿੱਤਾ ਗਿਆ ਸੀ। ਬਹੁਤ ਸਾਰੇ ਅਜਿਹੇ ਕੰਪਿਊਟਰ ਅਧਿਆਪਕਾਂ ਨੇ ਆਪਣੀ ਵਿਦਿਅਕ ਯੋਗਤਾ ਵਿੱਚ ਵਾਧਾ ਕਰ ਲਿਆ ਹੈ ਅਤੇ ਉਨ੍ਹਾਂ ਨੂੰ ਇਸ ਦਫਤਰ ਵੱਲੋਂ ਅਪਗਰੇਡ ਕੀਤਾ ਜਾ ਚੁੱਕਾ ਹੈ। ਪਰ ਅਜੇ ਵੀ ਕੁਝ ਅਜਿਹੇ ਕੰਪਿਊਟਰ ਅਧਿਆਪਕ ਹਨ ਜਿਨ੍ਹਾਂ ਨੇ ਆਪਣੀ ਵਿਦਿਅਕ ਯੋਗਤਾ ਵਿੱਚ ਵਾਧਾ ਨਹੀਂ ਕੀਤਾ।
2. ਆਪ ਨੂੰ ਲਿਖਿਆ ਜਾਂਦਾ ਹੈ ਕਿ ਅਜਿਹੇ ਕੰਪਿਊਟਰ ਅਧਿਆਪਕਾਂ ਦੀ ਸੂਚੀ ਇਸ ਦਫਤਰ ਨੂੰ ਭੇਜੀ ਜਾਵੇ ਅਤੇ ਨਾਲ ਹੀ ਤਸਦੀਕ ਕੀਤਾ ਜਾਵੇ ਕਿ ਇਨ੍ਹਾਂ ਤੋਂ ਇਲਾਵਾ ਕੋਈ ਹੋਰ ਅਜਿਹਾ ਕੰਪਿਊਟਰ ਅਧਿਆਪਕ ਤੁਹਾਡੇ ਜਿਲੇ ਵਿੱਚ ਕੰਮ ਨਹੀਂ ਕਰ ਰਿਹਾ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ**